## ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

### (ਕੇਵਲ ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪ੍ਰੀਖਿਆ ਸਬੰਧੀ)

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2017-18 ਦੀ ਚੌਥੀ ਤਿਮਾਹੀ ਦੀ ਪ੍ਰੀਖਿਆ ਲੈਣ ਲਈ ਮਿਤੀ 29-01-2018 ਅਤੇ 30-01-2018 ਨਿਸ਼ਚਿਤ ਕੀਤੀ ਗਈ ਹੈ। ਪੰਜਾਬੀ-ਏ ਵਿਸ਼ੇ ਦੀ ਪ੍ਰੀਖਿਆ ਮਿਤੀ 29-01-2018 ਅਤੇ ਪੰਜਾਬੀ-ਬੀ ਵਿਸ਼ੇ ਦੀ ਪ੍ਰੀਖਿਆ ਮਿਤੀ 30-01-2018 ਨੂੰ ਹੋਵੇਗੀ। ਪ੍ਰੀਖਿਆ ਫਾਰਮ ਬੋਰਡ ਦੀ ਵੈਬਸਾਈਟ ਤੇ ਮਿਤੀ 01-01-2018 ਤੋਂ ਉਪਲੱਬਧ ਹੋਣਗੇ। ਪ੍ਰੀਖਿਆ ਸਬੰਧੀ ਆਨ-ਲਾਈਨ ਪ੍ਰੀਖਿਆ ਫਾਰਮ ਹਰ ਪੱਖੋਂ ਮੁਕੰਮਲ ਕਰਨ ਉਪਰੰਤ ਮਿਤੀ 19-01-2018 ਤੱਕ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸਬੰਧਤ ਪ੍ਰੀਖਿਆ ਸ਼ਾਖਾ ਵਿੱਚ ਪ੍ਰਾਪਤ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਮਿਤੀ 25-01-2018 ਤੋਂ ਉਪਲੱਬਧ ਹੋਣਗੇ। ਪ੍ਰੀਖਿਆ ਫਾਰਮ ਜਮਾਂ ਕਰਵਾਉਣ ਸਮੇਂ ਪ੍ਰੀਖਿਆਰਥੀ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ, ਫੋਟੋ ਪਹਿਚਾਣ ਪੱਤਰ ਅਤੇ ਉਹਨਾਂ ਦੀਆਂ ਤਸਦੀਕਸ਼ੁਦਾ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਪ੍ਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ www.pseb.ac.in ਵੇਖੀ ਜਾਵੇ।

ਸਕੱਤਰ